# ਦਫ਼ਤਰ ਨਗਰ ਨਿਗਮ ਹੁਸ਼ਿਆਰਪੁਰ।

# ਪ੍ਰੈਸ -ਨੋਟ

## ਨਗਰ ਨਿਗਮ ਦੀ ਟੀਮ ਵਲੋਂ ਡੋਰ ਵੇਚਣ ਵਾਲੀਆਂ ਦੁਕਾਨਾਂ ਦੀ ਅਚਨਚੇਤ ਚੈਕਿੰਗ।

ਹੁਸ਼ਿਆਰਪੁਰ 3 ਅਕਤੂਬਰ 2016 ਨਗਰ ਨਿਗਮ ਦੇ ਕਾਰਜ ਸਾਧਕ ਅਫਸਰ ਰਮੇਸ਼ ਕੁਮਾਰ ਨੇ ਜਾਣਕਾਰੀ ਦਿੰਦਿਆ ਦੱਸਿਆ ਕਿ ਜਿਲਾ ਮੈਜਿਸਟਰੇਟ ਹੁਸ਼ਿਆਰਪੁਰ ਵਲੋਂ ਜਿਲੇ ਅੰਦਰ ਚਾਈਨਾ ਡੋਰ ਵੇਚਣ ਅਤੇ ਰੱਖਣ ਤੇ ਲਗਾਈ ਗਈ ਪਾਬੰਦੀ ਸਬੰਧੀ ਨਿਰਦੇਸ਼ਾਂ ਦਾ ਪਾਲਣ ਕਰਦੇ ਹੋਏ ਨਗਰ ਨਿਗਮ ਵਲੋਂ ਸੁਪਰਡੈਂਟ ਸੁਆਮੀ ਸਿੰਘ ਦੀ ਅਗਵਾਈ ਵਿਚ ਸ਼ਹਿਰ ਦੇ ਵੱਖ ਵੱਖ ਬਜਾਰਾਂ ਵਿਚ ਡੋਰ ਵੇਚਣ ਵਾਲੀਆਂ ਦੁਕਾਨਾਂ ਦੀ ਅਚਨਚੇਤ ਚੈਕਿੰਗਿ ਕੀਤੀ ਗਈ। ਇਸ ਟੀਮ ਵਿਚ ਇੰਸਪੈਕਟਰ ਸੁਰਜੀਤ ਬਹਿਲ ਅਤੇ ਸੰਨੀ ਸ਼ਾਮਿਲ ਹਨ ਵਲੋਂ ਸ਼ਹਿਰ ਦੇ ਵੱਖ ਵੱਖ ਬਜਾਰਾਂ ਵਿਚ ਜਾ ਕੇ ਡੋਰ ਵੇਚਣ ਵਾਲੀਆਂ ਦੁਕਾਨਾਂ ਤੇ ਉਹਨਾਂ ਦੇ ਸਟਾਕ ਦੀ ਚੈਕਿੰਗ ਕੀਤੀ ਅਤੇ ਉਹਨਾਂ ਨੂੰ ਚਾਈਨਾਂ ਡੋਰ ਰੱਖਣ ਅਤੇ ਵੇਚਣ ਸਬੰਧੀ ਲਗਾਈ ਗਈ ਪਾਬੰਦੀ ਤੋਂ ਜਾਣੂ ਕਰਵਾਇਆ। ਉਹਨ੍ਹਾਂ ਨੇ ਸ਼ਹਿਰ ਵਿਚ ਡੋਰ ਵੇਚਣ ਵਾਲੇ ਦੁਕਾਨਦਾਰਾਂ ਨੂੰ ਅਪੀਲ ਕੀਤੀ ਕਿ ਉਹ ਚਾਈਨਾ ਡੋਰ ਦਾ ਸਟਾਕ ਨਾ ਰੱਖਣ ਅਤੇ ਨਾ ਹੀ ਵੇਚਣ। ਇਸ ਦੀ ਉਲੰਘਣਾ ਕਰਨ ਵਾਲੇ ਦੁਕਾਨਦਾਰ ਦੇ ਖਿਲਾਫ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।